SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 129 | Wednesday, July 05, 2023 | Tel: 905-793-2202 | Fax: 905-793-2282 | news@punjabipost.ca *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਕਾਰਬਨ ਮੋਨੋਆਕਸਾਈਡ ਚੜ੍ਹਨ ਕਾਰਨ ਸੱਤ ਵਿਅਕਤੀਆਂ ਨੂੰ ਲਿਜਾਇਆ ਗਿਆ ਹਸਪਤਾਲ




ਟੋਰਾਂਟੋ, 4 ਜੁਲਾਈ (ਪੋਸਟ ਬਿਊਰੋ): ਮੰਗਲਵਾਰ ਦੁਪਹਿਰ ਨੂੰ ਨੌਰਥ ਯੌਰਕ ਵਿੱਚ ਇੱਕ ਉਸਾਰੀ ਵਾਲੀ ਥਾਂ ਉੱਤੇ ਵਾਪਰੇ ਹਾਦਸੇ ਤੋਂ ਬਾਅਦ ਕਾਰਬਨ ਮੋਨੋਆਕਸਾਈਡ ਗੈਸ ਚੜ੍ਹ ਜਾਣ ਕਾਰਨ ਸੱਤ ਵਿਅਕਤੀਆਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ। ਦੁਪਹਿਰੇ 1:30 ਵਜੇ ਤੋਂ ਪਹਿਲਾਂ ਫਿੰਚ ਐਵਨਿਊ ਈਸਟ ਨੇੜੇ ਯੰਗ ਸਟਰੀਟ ਤੇ ਕਮਰ ਐਵਨਿਊ ਵਿਖੇ ਉਸਾਰੀ ਅਧੀਨ ਇੱਕ ਕੌਂਡੋ ਬਿਲਡਿੰਗ ਵਿੱਚ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ...ਬਾਕੀ ਪੰਨਾ 2 'ਤੇ

## ਲਾਂਗ ਵੀਕੈਂਡ ਉੱਤੇ ਏਅਰ ਕੈਨੇਡਾ ਦੀਆਂ 2000 ਫਲਾਈਟਸ ਦਾ ਸ਼ਡਿਊਲ ਗੜਬੜਾਇਆ

### ਕਈਆਂ ਵਿੱਚ ਹੋਈ ਦੇਰ ਤੇ ਕਈਆਂ ਨੂੰ ਕੀਤਾ ਗਿਆ ਰੱਦ





ਓਟਵਾ, 4 ਜੁਲਾਈ (ਪੋਸਟ ਬਿਊਰੋ) : ਏਵੀਏਸ਼ਨ ਟਰੈਕਰ ਫਲਾਈਟ ਅਵੇਅਰ ਤੋਂ ਹਾਸਲ ਹੋਏ ਅੰਕੜਿਆਂ ਤੋਂ ਸਾਹਮਣੇ ਆਇਆ ਹੈ ਕਿ ਕੈਨੇਡਾ ਡੇਅ ਦੇ ਲਾਂਗ ਵੀਕੈਂਡ ਦੌਰਾਨ ਏਅਰ ਕੈਨੇਡਾ ਦੀਆਂ 2,000 ਫਲਾਈਟਸ ਵਿੱਚ ਜਾਂ ਤਾਂ ਦੇਰੀ ਹੋਈ ਤੇ ਜਾਂ ਇਨ੍ਹਾਂ ਨੂੰ ਰੱਦ ਕੀਤਾ ਗਿਆ।

ਦੇਸ਼ ਦੀ ਇਸ ਸੱਭ ਤੋਂ ਵੱਡੀ ਏਅਰਲਾਈਨ, ਜਿਸ ਵਿੱਚ ਇਸ ਦੀ ਸਸਤੀ ਏਅਰ ਕੈਨੇਡਾ ਰੋਸ਼ ਤੇ ਰੀਜਨਲ ਪਾਰਟਨਰ ਜੈਜ਼ ਏਵੀਏਸ਼ਨ ਵੀ ਸ਼ਾਮਲ ਹਨ, ਦੀਆਂ ਫਲਾਈਟਸ ਵਿੱਚ ਸ਼ਨਿੱਚਰਵਾਰ ਤੋਂ ਲੈ ਕੇ ਸੋਮਵਾਰ ਤੱਕ ਵਿਘਣ ਪਿਆ। ਵੈਸਟਜੈੱਟ, ਏਅਰ ਟਰਾਂਜੈਟ ਤੇ ਫਲੇਅਰ ਏਅਰਲਾਈਨਜ਼ ਦੀਆਂ ਰੱਦ ਹੋਈਆਂ ਉਡਾਨਾਂ ਦੇ ਮੁਕਾਬਲੇ ਏਅਰ ਕੈਨੇਡਾ ਦੀਆਂ 1965 ਫਲਾਈਟਸ ਵਿੱਚ ਜਾਂ ਤਾਂ ਦੇਰ ਹੋਈ ਤੇ ਜਾਂ ਇਨ੍ਹਾਂ ਨੂੰ ਰੱਦ ਕਰਨਾ ਪਿਆ।

ਪਿਛਲੇ ਵੀਕੈਂਡ ਦੇ ਮੁਕਾਬਲੇ ਵੀ ਇਸ ਵੀਕੈਂਡ ਇਨ੍ਹਾਂ ਅੰਕੜਿਆਂ ਵਿੱਚ ਵਾਧਾ ਵੇਖਣ ਨੂੰ ਮਿਲਿਆ। ਮੁੱਖ ਤੌਰ ਉੱਤੇ ਇਹ ਗੜਬੜ ਨਵ ਕੈਨੇਡਾ ਵਿਖੇ ਏਅਰ ਟਰੈਫਿਕ ਕੰਟਰੋਲਰਜ਼ ਦੀ ਆਈ ਘਾਟ ਕਾਰਨ ਸਾਹਮਣੇ ਆਈ। ਇਸ ਕਾਰਨ ਕਈ ਲੋਕਾਂ ਦੇ ਟਰੈਵਲ ਕਰਨ ਦੇ ਪਲੈਨਜ਼ ਉੱਤੇ ਪਾਣੀ ਫਿਰ ਗਿਆ। ਪਿਛਲੇ ਕੁੱਝ ਦਿਨਾਂ ਵਿੱਚ ਸੋਸ਼ਲ ਮੀਡੀਆ ਉੱਤੇ ਪਾਈਆਂ ਗਈਆਂ ਪੋਸਟਸ ਤੋਂ ਸਾਹਮਣੇ ਆਇਆ ਕਿ ਲੋਕਾਂ ਦੀਆਂ ਲੰਮੀਆਂ ਲਾਈਨਾਂ ਏਅਰਪੋਰਟਸ ਉੱਤੇ ਲੱਗੀਆਂ ਹੋਈਆਂ ਸਨ ਤੇ ਲੋਕ ਫਲਾਈਟਸ ਵਿੱਚ ਹੋ ਰਹੀ ਦੇਰ ਜਾਂ ਉਨ੍ਹਾਂ ਦੇ ਰੱਦ ਹੋਣ ਕਾਰਨ ਪਰੇਸ਼ਾਨ ਹੋ ਰਹੇ ਸਨ। ਲੋਕਾਂ ਵੱਲੋਂ ਮਾੜੀ ਕਸਟਮਰ ਸਰਵਿਸ ਉੱਤੇ ਵੀ ਭੜਾਸ ਕੱਢੀ ਗਈ।

## ਕਿਫਾਇਤੀ ਘਰਾਂ ਦੇ ਨਿਰਮਾਣ ਲਈ ਫੈਡਰਲ ਸਰਕਾਰ ਜੀਐਸਟੀ ਤੇ ਐਚਐਸਟੀ ਨਾ ਵਸੂਲੇ : ਜਗਮੀਤ ਸਿੰਘ



ਓਟਵਾ, 4 ਜੁਲਾਈ (ਪੋਸਟ ਬਿਊਰੋ) : ਐਨਡੀਪੀ ਆਗੂ ਜਗਮੀਤ ਸਿੰਘ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਟੋਰਾਂਟੋ ਵਿੱਚ ਹਾਊਸਿੰਗ ਨੂੰ ਵਧੇਰੇ ਕਿਫਾਇਤੀ ਬਣਾਉਣ ਲਈ ਫੈਡਰਲ ਸਰਕਾਰ ਆਪਣੇ ਹਿੱਸੇ ਦਾ ਜੀਐਸਟ ਤੇ ਐਚਐਸਟੀ ਨਾ ਵਸੂਲੇ। ਉਨ੍ਹਾਂ ਇਹ ਵੀ ਆਖਿਆ ਕਿ ਨਵੇਂ ਕਿਫਾਇਤੀ ਘਰ ਤਿਆਰ ਕਰਨ ਲਈ ਕਿਰਾਏ ਦੇ ਘਰਾਂ ਦੇ ਨਿਰਮਾਣ ਵਾਸਤੇ ਫੈਡਰਲ ਜ਼ਮੀਨ ਦੀ ਵਰਤੋਂ ਕਰਨ ਜਾਂ ਪਹਿਲੀ ਵਾਰੀ ਘਰ ਖਰੀਦਣ ਵਾਲਿਆਂ ਨੂੰ ਐਨੀ ਰਾਹਤ ਤਾਂ ਸਰਕਾਰ ਵੱਲੋਂ ਦਿੱਤੀ ਜਾਣੀ ਚਾਹੀਦੀ ਹੈ।

ਇੱਕ ਨਿਊਜ਼ ਰਲੀਜ਼ ਵਿੱਚ ਜਗਮੀਤ ਸਿੰਘ ਨੇ ਆਖਿਆ ਕਿ ਟੋਰਾਂਟੋ ਨੂੰ ਫੈਡਰਲ ਪੱਧਰ ਉੱਤੇ ਅਸਲ ਭਾਈਵਾਲ ਦੀ ਲੋੜ ਹੈ। ਅਜਿਹੇ ਕਿਸੇ ਭਾਈਵਾਲ ਦੀ ਲੋੜ ਨਹੀਂ ਹੈ ਜਿਹੜਾ ਨਤੀਜੇ ਦੇਣ ਦੀ ਥਾਂ ਕੋਰੇ ਵਾਅਦੇ ਕਰਨ ਨੂੰ ਤਰਜੀਹ ਦਿੰਦਾ ਹੋਵੇ। ਉਨ੍ਹਾਂ ਆਖਿਆ ਕਿ ਫੈਡਰਲ ਸਰਕਾਰ ਕੋਲ ਦਮਦਾਰ ਭੂਮਿਕਾ ਨਿਭਾਉਣ ਲਈ ਸਾਰੇ ਸਾਧਨ ਮੌਜੂਦ ਹਨ ਪਰ ਲਿਬਰਲਾਂ ਨੂੰ ਅਜਿਹੇ ਵਿਅਕਤੀਆਂ ਜਾਂ ਕੰਪਨੀਆਂ ਨੂੰ ਤਰਜੀਹ ਦੇਣੀ ਬੰਦ ਕਰਨੀ ਹੋਵੇਗੀ ਜਿਹੜੇ ਲੋਕਾਂ ਲਈ ਕੰਮ ਕਰਨ ਦੀ ਥਾਂ ਆਪਣੀਆਂ ਜੇਬ੍ਹਾਂ ਭਰ ਰਹੇ ਹਨ।

ਜਗਮੀਤ ਸਿੰਘ ਨੇ ਇਹ ਨਹੀਂ ਦੱਸਿਆ ਕਿ ਜੇ ਸਰਕਾਰ ਅਜਿਹਾ ਕਰਦੀ ਹੈ ਤਾਂ ਉਸ ਨਾਲ ਸਰਕਾਰੀ ਖਜ਼ਾਨੇ ਉੱਤੇ ਕਿੰਨਾ ਬੋਝ ਪਵੇਗਾ। ਇਹ ਬਿਆਨ ਐਨਡੀਪੀ ਦੀ ਸਾਬਕਾ ਐਮਪੀ ਓਲੀਵੀਆ ਚਾਓ ਦੇ ਟੋਰਾਂਟੋ ਦਾ ਮੇਅਰ ਬਣਨ ਤੋਂ ਹਫਤੇ ਬਾਅਦ ਆਇਆ। ਆਪਣੀ ਕੈਂਪੇਨ ਦੌਰਾਨ ਚਾਓ ਵੱਲੋਂ ਜਿਸ ਹਾਊਸਿੰਗ ਪਲੈਨ ਦੀ ਗੱਲ ਕੀਤੀ ਗਈ ਸੀ ਉਹ ਬਹੁਤਾ ਕਰਕੇ ਫੈਡਰਲ ਸਰਕਾਰ ਤੋਂ ਮਿਲਣ ਵਾਲੀ ਵਿੱਤੀ ਮਦਦ ਉੱਤੇ ਟਿਕਿਆ ਹੋਇਆ ਹੈ। ਪਿਛਲੇ ਹਫਤੇ ਚਾਓ ਨੇ ਇਹ ਸਪਸ਼ਟ ਕੀਤਾ ਸੀ ਕਿ ਆਫਿਸ ਵਿੱਚ ਉਨ੍ਹਾਂ ਦੇ ਪਹਿਲੇ ਸਾਲ ਵਿੱਚ ਰਹਿਣ ਵਾਲੀਆਂ ਤਿੰਨ ਤਰਜੀਹਾਂ ਵਿੱਚੋਂ ਇੱਕ ਹਾਊਸਿੰਗ ਹੋਵੇਗੀ।

ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਚਾਓ ਉਸ ਸਮੇਂ ਮੇਅਰ ਚੁਣੀ ਗਈ ਹੈ ਜਦੋਂ ਸੱਤਾਧਾਰੀ ਲਿਬਰਲ ਐਨਡੀਪੀ ਦੀ ਗੱਲ ਸੁਣਨ ਤੇ ਮੰਨਣ ਲਈ ਮਜਬੂਰ ਹਨ। ਅਜਿਹਾ ਇਸ ਲਈ ਕਿਉਂਕਿ ਪਾਰਲੀਆਮੈਂਟ ਵਿੱਚ ਲਿਬਰਲ ਘੱਟਗਿਣਤੀ ਹਨ। ਜਗਮੀਤ ਸਿੰਘ ਨੇ ਪਿਛਲੇ ਹਫਤੇ ਚਾਓ ਦੇ ਮੇਅਰ ਬਣਨ ਦਾ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਸਿਆਸਤ ਵਿੱਚ ਆਪਣੇ ਪਹਿਲੇ ਗੁਰੂਆਂ ਵਿੱਚੋਂ ਇੱਕ ਦਾ ਦਰਜਾ ਦਿੱਤਾ। ਉਨ੍ਹਾਂ ਇਹ ਵੀ ਆਖਿਆ ਕਿ ਚਾਓ ਨਾਲ ਰਲ ਕੇ ਟੋਰਾਂਟੋ ਨੂੰ ਹਰ ਕਿਸੇ ਲਈ ਬਿਹਤਰ ਸਿਟੀ ਬਣਾਉਣ ਵਾਸਤੇ ਉਹ ਨਿੱਠ ਕੇ ਕੰਮ ਕਰਨਗੇ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਵੀ ਚਾਓ ਦੇ ਮੇਅਰ ਬਣਨ ਦਾ ਸਵਾਗਤ ਕੀਤਾ ਗਿਆ ਸੀ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE: 44 Fasken Dr, #2-9, Etobicoke, On, M9W 5M8, (416) 792-0877
BRAMPTON: Unit #1, 241 Clarence St, Brampton, On, L6W 3E7, (416) 551-3343
VAUGHAN: 5781 Highway 7 Unit 10, Vaughan, ON, L4L 1T8, (416) 477-5556
OAKVILLE: 1050 Speers Road, Oakville, ON, L6L 2X4, (416) 613-0555
LONDON: Unit #4 -1540 Fanshawe Park Road West, London, On, N6H 5L8, (519) 641-1010
STONEY CREEK: Unit #6 – 410 Lewis Road, Stoney Creek, On, L8E 5Y7, (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal, Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
RANJIT GILL, Insurance Advisor
Ph: 416.724.5000
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat, Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA, Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan, Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨਸ਼ਿਆਂ ਤੇ ਹਥਿਆਰਾਂ ਸਬੰਧੀ ਜਾਂਚ ਮਗਰੋਂ 15 ਸਾਲਾ ਲੜਕੇ ਸਮੇਤ ਚਾਰ ਗ੍ਰਿਫਤਾਰ



ਟੋਰਾਂਟੋ, 4 ਜੁਲਾਈ (ਪੋਸਟ ਬਿਊਰੋ) : ਨਸ਼ਿਆਂ ਤੇ ਹਥਿਆਰਾਂ ਸਬੰਧੀ ਕੀਤੀ ਗਈ ਜਾਂਚ ਤੋਂ ਬਾਅਦ ਟੋਰਾਂਟੋ ਪੁਲਿਸ ਵੱਲੋਂ ਤਿੰਨ ਵਿਅਕਤੀਆਂ ਦੇ ਨਾਲ ਨਾਲ ਇੱਕ 15 ਸਾਲਾ ਲੜਕੇ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

ਪੁਲਿਸ ਵੱਲੋਂ ਇਹ ਜਾਣਕਾਰੀ ਨਹੀਂ ਦਿੱਤੀ ਗਈ ਕਿ ਜਾਂਚ ਕਿੰਨੀ ਦੇਰ ਚੱਲੀ ਜਾਂ ਕਿਸ ਮਸਲੇ ਕਾਰਨ ਜਾਂਚ ਸ਼ੁਰੂ ਕੀਤੀ ਗਈ। ਗ੍ਰਿਫਤਾਰੀਆਂ ਦੌਰਾਨ ਪੁਲਿਸ ਨੂੰ ਪੂਰੀ ਤਰ੍ਹਾਂ ਭਰੀ ਹੋਈ ਨੌਂ ਮਿਲੀਮੀਟਰ ਦੀ ਟੌਰਸ ਹੈਂਡਗੰਨ ਮਿਲੀ ਜਿਸ ਦੇ ਮੈਗਜ਼ੀਨ ਵਿੱਚ 11 ਰੌਂਦ ਸਨ। ਇਸ ਦੇ ਨਾਲ ਹੀ ਪੁਲਿਸ ਨੂੰ ਇਨ੍ਹਾਂ ਵਿਅਕਤੀਆਂ ਕੋਲੋਂ ਨਸ਼ਿਆਂ ਦੀ ਵੱਡੀ ਖੇਪ ਵੀ ਮਿਲੀ। ਟੋਰਾਂਟੋ ਦੇ 22 ਸਾਲਾ ਐਡਰੀਅਲ ਰੌਡਰਿੱਗਜ਼ ਨੂੰ 17 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ, ਇਨ੍ਹਾਂ ਵਿੱਚ ਭਰੇ ਹੋਏ ਹਥਿਆਰ ਦੇ ਨਾਲ ਨਾਲ ਪਾਬੰਦੀਸ਼ੁਦਾ ਨਸ਼ੇ ਸਮਗਲ ਕਰਨ ਦਾ ਵੀ ਦੋਸ਼ ਲਾਇਆ ਗਿਆ। ਬਰਲਿੰਗਟਨ ਦੇ 21 ਸਾਲਾ ਐਰਨ ਵਰਘੀਸ ਨੂੰ 14 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ, ਜਿਨ੍ਹਾਂ ਵਿੱਚ ਹਥਿਆਰ ਲੁਕੋ ਕੇ ਰੱਖਣ ਤੇ ਨਸ਼ਿਆਂ ਦੀ ਸਮਗਲਿੰਗ ਦਾ ਵੀ ਦੋਸ਼ ਸ਼ਾਮਲ ਹੈ। ਟੋਰਾਂਟੋ ਦੇ 25 ਸਾਲਾ ਅਵਾਇਸ ਖਾਨ ਨੂੰ 18 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ। ਇਨ੍ਹਾਂ ਵਿੱਚੋਂ ਤਿੰਨ ਮਾਮਲੇ ਸਮਗਲਿੰਗ ਦੇ ਇਰਾਦੇ ਨਾਲ ਡਰੱਗ ਰੱਖਣ ਤੇ ਅਦਾਲਤ ਵੱਲੋਂ ਮਨ੍ਹਾਂ ਕੀਤੇ ਜਾਣ ਦੇ ਬਾਵਜੂਦ ਹਥਿਆਰ ਰੱਖਣ ਦੇ ਚਾਰ ਮਾਮਲੇ ਦਰਜ ਹਨ। ਖਾਨ ਕੈਨੇਡਾ ਭਰ ਵਿੱਚ ਪੈਰੋਲ ਦੀ ਉਲੰਘਣਾ ਕਰਨ ਲਈ ਵੀ ਵਾਂਟਿਡ ਸੀ ਤੇ ਉਸ ਨੂੰ ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ ਇਨ੍ਹਾਂ ਵਾਰੰਟ ਉੱਤੇ ਵੀ ਕਾਰਵਾਈ ਕੀਤੀ ਗਈ।

ਇਨ੍ਹਾਂ ਤੋਂ ਇਲਾਵਾ ਟੋਰਾਂਟੋ ਦੇ 15 ਸਾਲਾ ਲੜਕੇ ਨੂੰ 14 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ। ਇਨ੍ਹਾਂ ਵਿੱਚ ਸਮਗਲਿੰਗ ਦੇ ਇਰਾਦੇ ਨਾਲ ਨਸ਼ੇ ਰੱਖਣ ਦੇ ਤਿੰਨ ਮਾਮਲੇ ਤੇ ਜਨਤਾ ਦੀ ਸ਼ਾਂਤੀ ਲਈ ਖਤਰਾ ਦੱਸੇ ਜਾਂਦੇ ਹਥਿਆਰ ਰੱਖਣ ਦੇ ਮਾਮਲੇ ਸ਼ਾਮਲ ਹਨ। ਯੂਥ ਕ੍ਰਿਮੀਨਲ ਜਸਟਿਸ ਐਕਟ ਕਾਰਨ ਉਸ ਦੇ ਨਾਂ ਦਾ ਖੁਲਾਸਾ ਨਹੀਂ ਕੀਤਾ ਗਿਆ। ਜ਼ਮਾਨਤ ਦੀ ਸੁਣਵਾਈ ਲਈ ਤਿੰਨਾਂ ਨੂੰ ਐਤਵਾਰ ਸਵੇਰੇ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ।

## ਕਾਰਬਨ ਮੋਨੋਆਕਸਾਈਡ ਚੜ੍ਹਨ ਕਾਰਨ ਸੱਤ ਵਿਅਕਤੀਆਂ ਨੂੰ ਲਿਜਾਇਆ ਗਿਆ ਹਸਪਤਾਲ



ਪੰਨਾ 1 ਦਾ ਬਾਕੀ

ਫਾਇਰ ਚੀਫ ਨੇ ਦੱਸਿਆ ਕਿ ਜਿਸ ਮਸ਼ੀਨਰੀ ਉੱਤੇ ਵਰਕਰ ਕੰਮ ਕਰ ਰਹੇ ਸਨ ਉੱਥੇ ਕਿਸੇ ਕਾਰਨ ਹਾਦਸਾ ਵਾਪਰਨ ਮਗਰੋਂ ਕਾਰਬਨ ਮੋਨੋਆਕਸਾਈਡ ਦਾ ਪੱਧਰ ਵੱਧ ਗਿਆ ਤੇ ਵੈਂਟੀਲੇਸ਼ਨ ਦਾ ਚੰਗਾ ਪ੍ਰਬੰਧ ਨਾ ਹੋਣ ਕਾਰਨ ਕਮਰੇ ਵਿੱਚ ਗੈਸ ਭਰ ਗਈ। ਇਸ ਨਾਲ ਵਰਕਰਜ਼ ਦੇ ਸਿਰ ਭਾਰੇ ਹੋ ਗਏ ਤੇ ਉਨ੍ਹਾਂ ਵਿੱਚੋਂ ਸੱਤ ਨੂੰ ਹਸਪਤਾਲ ਲਿਜਾਇਆ ਗਿਆ। ਬਹੁਤਿਆਂ ਨੂੰ ਇਸ ਸਮੇਂ ਹਸਪਤਾਲ ਵਿੱਚ ਨਿਗਰਾਨੀ ਹੇਠ ਰੱਖਿਆ ਗਿਆ ਹੈ।

ਮੌਕੇ ਉੱਤੇ ਪਹੁੰਚੇ ਫਾਇਰ ਕ੍ਰਿਊ ਵੱਲੋਂ ਜ਼ਹਿਰੀਲੀ ਹਵਾ ਨੂੰ ਕਮਰੇ ਵਿੱਚੋਂ ਕੱਢਣ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ। ਮਾਮਲੇ ਦੀ ਜਾਂਚ ਲੇਬਰ ਮੰਤਰਾਲੇ ਵੱਲੋਂ ਕੀਤੀ ਜਾ ਰਹੀ ਹੈ। ਪੁਲਿਸ ਲੋਕਾਂ ਨੂੰ ਇਸ ਇਲਾਕੇ ਵਿੱਚ ਗੱਡੀਆਂ ਲੈ ਕੇ ਆਉਣ ਤੋਂ ਮਨ੍ਹਾਂ ਕਰ ਰਹੀ ਹੈ ਜਦਕਿ ਐਮਰਜੰਸੀ ਵ੍ਹੀਕਲ ਅਜੇ ਵੀ ਮੌਕੇ ਉੱਤੇ ਮੌਜੂਦ ਹਨ।

## ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਬਣੇ ਸੁਨੀਲ ਜਾਖੜ



ਚੰਡੀਗੜ੍ਹ, 4 ਜੁਲਾਈ (ਪੋਸਟ ਬਿਊਰੋ): ਪੰਜਾਬ ਦੀ ਸਿਆਸਤ ਤੋਂ ਵੱਡੀ ਖ਼ਬਰ ਆਈ ਹੈ। ਸੁਨੀਲ ਜਾਖੜ ਨੂੰ ਭਾਜਪਾ ਨੇ ਵੱਡੀ ਜ਼ਿੰਮੇਵਾਰੀ ਸੌਂਪਦਿਆਂ ਪੰਜਾਬ ਭਾਜਪਾ ਦਾ ਸੂਬਾ ਪ੍ਰਧਾਨ ਬਣਾਇਆ ਹੈ। ਅਸ਼ਵਨੀ ਸ਼ਰਮਾ ਦੀ ਥਾਂ ਹੁਣ ਸੁਨੀਲ ਜਾਖੜ ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਹੋਣਗੇ। ਦੇਸ਼ ਦੇ 5 ਸੂਬਿਆਂ ਵਿਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਅਤੇ ਅਗਲੇ ਸਾਲ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਭਾਜਪਾ ਨੇ 4 ਸੂਬਿਆਂ ਵਿਚ ਸੂਬਾ ਪ੍ਰਧਾਨ ਬਦਲ ਦਿੱਤੇ ਹਨ।

ਪੰਜਾਬ, ਆਂਧਰਾ ਪ੍ਰਦੇਸ਼, ਤੇਲੰਗਾਨਾ ਅਤੇ ਝਾਰਖੰਡ ਵਿੱਚ ਬਦਲਾਅ ਆਇਆ ਹੈ। ਕਾਂਗਰਸ ਤੋਂ ਆਏ ਸੁਨੀਲ ਜਾਖੜ ਨੂੰ ਪੰਜਾਬ ਵਿੱਚ, ਡੀ ਪੁਰੰਦੇਸ਼ਵਰੀ ਨੂੰ ਆਂਧਰਾ ਵਿੱਚ, ਜੀ ਕਿਸ਼ਨ ਰੈੱਡੀ ਨੂੰ ਤੇਲੰਗਾਨਾ ਵਿੱਚ ਅਤੇ ਬਾਬੂ ਲਾਲ ਮਰਾਂਡੀ ਨੂੰ ਝਾਰਖੰਡ ਵਿੱਚ ਪ੍ਰਧਾਨ ਬਣਾਇਆ ਗਿਆ ਹੈ।

## ਡੀ.ਈ.ਆਰ.ਸੀ. ਚੇਅਰਮੈਨ ਦੀ ਨਿਯੁਕਤੀ 'ਤੇ ਸੁਪਰੀਮ ਕੋਰਟ ਨੇ ਲਗਾਈ ਰੋਕ, ਦਿੱਲੀ ਸਰਕਾਰ ਵਲੋਂ ਕੀਤਾ ਗਿਆ ਸੀ ਵਿਰੋਧ

ਨਵੀਂ ਦਿੱਲੀ, 4 ਜੁਲਾਈ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਦਿੱਲੀ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਚੇਅਰਮੈਨ ਸੇਵਾਮੁਕਤ ਜਸਟਿਸ ਉਮੇਸ਼ ਕੁਮਾਰ ਦੇ ਸਹੁੰ ਚੁੱਕ ਸਮਾਗਮ ਨੂੰ ਇੱਕ ਹਫ਼ਤੇ ਲਈ ਟਾਲ ਦਿੱਤਾ ਹੈ । ਸੁਪਰੀਮ ਕੋਰਟ ਨੇ ਕੇਂਦਰ ਅਤੇ ਐਲਜੀ ਵੀ.ਕੇ ਸਕਸੈਨਾ ਨੂੰ ਨੋਟਿਸ ਜਾਰੀ ਕੀਤਾ ਹੈ।

ਦਿੱਲੀ ਸਰਕਾਰ ਨੇ ਇਲਾਹਾਬਾਦ ਹਾਈਕੋਰਟ ਦੇ ਸਾਬਕਾ ਜੱਜ ਜਸਟਿਸ ਉਮੇਸ਼ ਕੁਮਾਰ ਦੀ ਡੀ.ਈ.ਆਰ.ਸੀ. ਦੇ ਚੇਅਰਮੈਨ ਵਜੋਂ ਨਿਯੁਕਤੀ ਨੂੰ ਇਸ ਆਧਾਰ 'ਤੇ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਕਿ ਇਹ ਉਪ ਰਾਜਪਾਲ ਦੁਆਰਾ ਉਨ੍ਹਾਂ ਦੀ ਸਹਿਮਤੀ ਤੋਂ ਬਿਨਾਂ ਇਕਪਾਸੜ ਤੌਰ 'ਤੇ ਕੀਤੀ ਗਈ ਸੀ। ਅਦਾਲਤ ਇਸ ਮਾਮਲੇ ਦੀ ਅਗਲੀ ਸੁਣਵਾਈ 11 ਜੁਲਾਈ ਨੂੰ ਕਰੇਗੀ। ਉਦੋਂ ਤੱਕ ਸਹੁੰ ਨਹੀਂ ਚੁੱਕੀ ਜਾ ਸਕਦੀ। ਸੇਵਾਮੁਕਤ ਜਸਟਿਸ ਉਮੇਸ਼ ਕੁਮਾਰ ਨੂੰ 21 ਜੂਨ ਨੂੰ ਡੀਈਆਰਸੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ।

ਉਮੇਸ਼ ਕੁਮਾਰ ਇਲਾਹਾਬਾਦ ਹਾਈਕੋਰਟ ਦੇ ਸੇਵਾਮੁਕਤ ਜਸਟਿਸ ਹਨ। ਉਨ੍ਹਾਂ ਨੇ ਸਾਲ 1980 ਵਿੱਚ ਕਾਨੂੰਨ ਵਿੱਚ ਗ੍ਰੈਜੂਏਸ਼ਨ ਕੀਤੀ। ਉਨ੍ਹਾਂ ਨੂੰ 1985 ਵਿੱਚ ਪੀ.ਸੀ.ਐਸ. (ਜੇ) ਵਿੱਚ ਕਮਿਸ਼ਨ ਮਿਲਿਆ ਸੀ। ਸਾਲ 2001 ਵਿੱਚ ਉੱਚ ਨਿਆਂਇਕ ਸੇਵਾ ਵਿੱਚ ਪਦਉੱਨਤ ਰਹੇ । ਸਾਲ 2014 ਵਿੱਚ ਜ਼ਿਲ੍ਹਾ ਅਤੇ ਸੈਸ਼ਨ ਜੱਜ ਵਜੋਂ ਤਰੱਕੀ ਦਿੱਤੀ ਗਈ। ਇਸ ਤੋਂ ਬਾਅਦ ਉਨ੍ਹਾਂ ਨੂੰ 22 ਨਵੰਬਰ 2018 ਨੂੰ ਵਧੀਕ ਜੱਜ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਨੇ 20 ਨਵੰਬਰ, 2020 ਨੂੰ ਸਥਾਈ ਜੱਜ ਵਜੋਂ ਸਹੁੰ ਚੁੱਕੀ ਸੀ।

## ਅੱਜ ਨਾਮਾ

ਬਜ਼ੁਰਗਾਂ ਬਾਰੇ ਸਰਕਾਰ ਫਿਰ ਸੋਚ ਕੀਤੀ,
ਸੁਰੱਖਿਆ ਬਾਬਿਆਂ ਦੀ ਜਾਊ ਕਰੀ ਭਾਈ।
ਬਣਾਏ ਨਿਯਮ-ਕਾਨੂੰਨ ਨੇ ਬਹੁਤ ਪਹਿਲਾਂ,
ਗੱਲ ਨਹੀਂ ਉਨ੍ਹਾਂ ਦੇ ਵਿੱਚ ਸੀ ਖਰੀ ਭਾਈ।
ਔਖੇ ਸਮੇਂ ਵਿੱਚ ਪੁੱਛਣ ਨਹੀਂ ਧੀ-ਪੁੱਤਰ,
ਮੁਸ਼ਕਲਾਂ ਭੁਗਤਦੇ ਜਾਂਦੇ ਆ ਮਰੀ ਭਾਈ।
ਕਰਦੀ ਫਿਕਰ ਨਹੀਂ ਕਦੇ ਔਲਾਦ ਜੇਕਰ,
ਗਲਤੀਜਾਣੀ ਨਹੀਂ ਏਦਾਂ ਦੀ ਜਰੀ ਭਾਈ।
ਸਖਤ ਕਿੰਨਾ ਕੋਈ ਨਿਯਮ ਆ ਹੋਣ ਲੱਗਾ,
ਹੋਇਆ ਖਾਕਾਨਹੀਂ ਅਜੇ ਸਪੱਸ਼ਟ ਭਾਈ।
ਜੋ ਵੀ ਕਰਨਾ ਉਹ ਚਾਹੀਦਾ ਇੰਜ ਕਰਨਾ,
ਕੱਟਿਆ ਜਾਵੇ ਬਜ਼ੁਰਗਾਂ ਦਾ ਕਸ਼ਟ ਭਾਈ।

**ਤੀਸ ਮਾਰ ਖਾਂ**





















# ਮੁੱਖ ਮੰਤਰੀ ਨੇ ਮਨੁੱਖੀ ਤਸਕਰੀ ਵਿਰੋਧੀ ਯੂਨਿਟ ਨੂੰ ਹੋਰ ਮਜ਼ਬੂਤ ਕਰਨ ਲਈ ਹਾਈ-ਟੈੱਕ ਵਾਹਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ

*** ਸਰਕਾਰ ਨੇ ਗੈਰ-ਕਾਨੂੰਨੀ ਟਰੈਵਲ ਏਜੰਟਾਂ ਨਾਲ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ * ਗੈਰ-ਕਾਨੂੰਨੀ ਟਰੈਵਲ ਏਜੰਟਾਂ ਦੇ ਖਿਲਾਫ ਸਖਤ ਕਾਰਵਾਈ ਯਕੀਨੀ ਬਣਾਉਣ ਲਈ ਇਮੀਗ੍ਰੇਸ਼ਨ ਐਕਟ ਵਿੱਚ ਜ਼ਰੂਰੀ ਸੋਧਾਂ ਹੋਣਗੀਆਂ**

ਚੰਡੀਗੜ੍ਹ, 4 ਜੁਲਾਈ (ਪੋਸਟ ਬਿਊਰੋ): ਪੰਜਾਬ ਪੁਲਿਸ ਨੂੰ ਵਿਗਿਆਨਕ ਲੀਹਾਂ 'ਤੇ ਹੋਰ ਆਧੁਨਿਕ ਬਣਾਉਣ ਦੀ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਮਨੁੱਖੀ ਤਸਕਰੀ ਵਿਰੋਧੀ ਯੂਨਿਟ (ਏ.ਐਚ.ਟੀ.ਯੂ.) ਨੂੰ ਹੋਰ ਮਜ਼ਬੂਤ ਬਣਾਉਣ ਲਈ ਹਾਈ-ਟੈਕ 16 ਮਹਿੰਦਰਾ ਬੋਲੈਰੋ ਗੱਡੀਆਂ ਅਤੇ 56 ਮੋਟਰਸਾਈਕਲਾਂ ਦੇ ਕਾਫ਼ਲੇ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।





ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਉਪਰਾਲਾ ਮਨੁੱਖੀ ਤਸਕਰੀ ਦੇ ਅਣਮਨੁੱਖੀ ਅਮਲ ਨੂੰ ਰੋਕਣ ਲਈ ਸੂਬਾ ਸਰਕਾਰ ਦੀ ਮੁਹਿੰਮ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਵਿੱਚ ਇਹ ਖ਼ਤਰਾ ਵਧਿਆ ਹੈ ਪਰ ਸੂਬਾ ਸਰਕਾਰ ਦਾ ਇਹ ਫਰਜ਼ ਬਣਦਾ ਹੈ ਕਿ ਉਹ ਇਸ ਨੂੰ ਸਖ਼ਤੀ ਨਾਲ ਨੱਥ ਪਾਵੇ। ਭਗਵੰਤ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਪੰਜਾਬ ਪੁਲਿਸ ਨੂੰ ਇਸ ਅਪਰਾਧ ਨਾਲ ਨਜਿੱਠਣ ਲਈ ਅਤਿ ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਗੈਰ-ਕਾਨੂੰਨੀ ਟਰੈਵਲ ਏਜੰਟਾਂ ਨਾਲ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਹੋਈ ਹੈ ਜੋ ਲੋਕਾਂ ਨੂੰ ਧੋਖਾ ਦਿੰਦੇ ਹਨ ਅਤੇ ਮਨੁੱਖੀ ਤਸਕਰੀ ਵਰਗਾ ਘਿਨਾਉਣਾ ਜੁਰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਟਰੈਵਲ ਏਜੰਟਾਂ ਵਿਰੁੱਧ ਮਿਸਾਲੀ ਕਾਰਵਾਈ ਕਰਨ ਤੋਂ ਇਲਾਵਾ ਸੂਬਾ ਸਰਕਾਰ ਇਨ੍ਹਾਂ ਸ਼ੱਕੀ ਟਰੈਵਲ ਏਜੰਟਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਆਪਕ ਪੱਧਰ ਉਤੇ ਜਾਗਰੂਕਤਾ ਮੁਹਿੰਮ ਵੀ ਚਲਾਏਗੀ। ਭਗਵੰਤ ਮਾਨ ਨੇ ਇਹ ਵੀ ਕਿਹਾ ਕਿ ਅਜਿਹੇ ਟਰੈਵਲ ਏਜੰਟਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਇਮੀਗ੍ਰੇਸ਼ਨ ਐਕਟ ਵਿੱਚ ਵੀ ਲੋੜੀਂਦੀਆਂ ਸੋਧਾਂ ਕੀਤੀਆਂ ਜਾਣਗੀਆਂ।

ਕੈਨੇਡਾ ਵਿੱਚ ਫਸੇ 700 ਦੇ ਕਰੀਬ ਵਿਦਿਆਰਥੀਆਂ ਦੇ ਮਸਲੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਟਰੈਵਲ ਏਜੰਟਾਂ ਵੱਲੋਂ ਜਾਅਲੀ ਦਸਤਾਵੇਜ਼ਾਂ 'ਤੇ ਭੇਜ ਕੇ ਠੱਗਿਆ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਜਿਹੇ ਟਰੈਵਲ ਏਜੰਟਾਂ 'ਤੇ ਸ਼ਿਕੰਜਾ ਕੱਸਣ ਲਈ ਵਚਨਬੱਧ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਸੂਬਾ ਸਰਕਾਰ ਕੈਨੇਡੀਅਨ ਅੰਬੈਸੀ ਨਾਲ ਨਿਰੰਤਰ ਸੰਪਰਕ ਵਿਚ ਹੈ।

ਹਾਈਟੈਕ ਵਾਹਨਾਂ ਦੇ ਵੇਰਵੇ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਵਾਹਨ ਐਡਵਾਂਸ ਮੋਬਾਈਲ ਨੈੱਟਵਰਕ ਵੀਡੀਓ ਰਿਕਾਰਡਿੰਗ ਸਿਸਟਮ (ਐਮ.ਐਨ.ਵੀ.ਆਰ.ਐਸ.), ਚਾਰ ਕੈਮਰੇ-ਦੋ ਆਊਟਡੋਰ ਅਤੇ ਦੋ ਇਨਡੋਰ ਅਤੇ ਵਹੀਕਲ ਲੋਕੇਸ਼ਨ ਟ੍ਰੈਕਿੰਗ ਸਿਸਟਮ (ਵੀ.ਐੱਲ.ਟੀ.ਐੱਸ.) ਨਾਲ ਲੈਸ ਹਨ। ਭਗਵੰਤ ਮਾਨ ਨੇ ਇਨ੍ਹਾਂ ਹਾਈਟੈੱਕ ਸਾਧਨਾਂ ਦੀ ਸ਼ੁਰੂਆਤ ਨੂੰ ਪੁਲਿਸ ਦੇ ਆਧੁਨਿਕੀਕਰਨ ਵੱਲ ਇੱਕ ਹੋਰ ਕਦਮ ਦੱਸਦਿਆਂ ਕਿਹਾ ਕਿ ਇਸ ਨਾਲ ਸੂਬੇ ਵਿੱਚ ਔਰਤਾਂ ਅਤੇ ਬੱਚਿਆਂ ਦੀ ਮਨੁੱਖੀ ਤਸਕਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਬੋਲੈਰੋ ਵਾਹਨਾਂ ਵਿੱਚ ਸਥਾਪਿਤ ਐਡਵਾਂਸਡ ਮੋਬਾਈਲ ਸਰਵਿਲੈਂਸ ਸਿਸਟਮ ਉਦਯੋਗਿਕ ਮਾਪਦੰਡਾਂ ਦੇ ਮਿਆਰਾਂ ਮੁਤਾਬਕ ਮਜ਼ਬੂਤ ਹੈ ਅਤੇ ਅਸਲ-ਸਮੇਂ ਦੀ ਨਿਗਰਾਨੀ ਅਤੇ ਅਲਰਟ ਦੇ ਨਾਲ ਸਬੂਤ ਇਕੱਠੇ ਕਰਨ ਲਈ ਚੱਲਦੇ ਵਾਹਨ ਵਿੱਚ ਵੀਡੀਓ ਰਿਕਾਰਡ ਕਰ ਸਕਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਸ ਨਾਲ ਅਧਿਕਾਰੀਆਂ ਨੂੰ ਲਾਈਵ ਗਤੀਵਿਧੀ ਦੀ ਨਿਗਰਾਨੀ ਕਰਨ ਅਤੇ ਕੰਟਰੋਲ ਰੂਮ ਰਾਹੀਂ ਵਾਹਨਾਂ ਦਾ ਪਤਾ ਲਗਾਉਣ ਦੇ ਨਾਲ-ਨਾਲ ਫੀਲਡ ਵਿੱਚ ਆਪਣੀ ਆਵਾਜਾਈ ਦੌਰਾਨ ਵਾਹਨ ਵਿੱਚ ਬੈਠੇ ਲੋਕਾਂ ਨਾਲ ਆਵਾਜ਼ ਸੰਚਾਰ ਕਰਨ ਦੀ ਵੀ ਆਗਿਆ ਮਿਲੇਗੀ। ਭਗਵੰਤ ਮਾਨ ਨੇ ਦੱਸਿਆ ਕਿ ਬੋਲੈਰੋ ਗੱਡੀਆਂ ਵਿੱਚ ਦੋ ਬਾਹਰੀ ਕੈਮਰੇ ਹਨ, ਜੋ 30 ਮੀਟਰ ਤੱਕ ਨਜ਼ਰ ਰੱਖ ਸਕਦੇ ਹਨ, ਜਦਕਿ ਵਾਹਨ ਦੇ ਅੰਦਰ ਬੈਠੇ ਪੀੜਤ ਵਿਅਕਤੀ ਨੂੰ ਸੁਰੱਖਿਆ ਦੀ ਭਾਵਨਾ ਅਤੇ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਦੋ ਕੈਮਰੇ ਵਾਹਨ ਦੇ ਅੰਦਰ ਲਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਾਹਨਾਂ ਦੇ ਕੈਮਰਿਆਂ ਦੀ ਫੁਟੇਜ (ਰਿਕਾਰਡਿਗ) ਦੀ ਨਿਗਰਾਨੀ ਲਈ ਇਸ ਦੇ ਡੈਸ਼ਬੋਰਡ 'ਤੇ 7 ਇੰਚ ਦੀ ਡਿਸਪਲੇਅ ਸਕਰੀਨ ਵੀ ਲਾਈ ਗਈ ਹੈ, ਜਿਸ ਦੀ ਸਟੋਰੇਜ ਸਮਰੱਥਾ 30 ਦਿਨਾਂ ਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਹੱਦੀ ਸੂਬਾ ਹੋਣ ਕਰਕੇ ਦੁਸ਼ਮਣ ਤਾਕਤਾਂ ਸੂਬੇ ਦੀ ਸ਼ਾਂਤੀ ਭੰਗ ਕਰਨ ਦੇ ਨਾਪਾਕ ਮਨਸੂਬੇ ਘੜ ਰਹੀਆਂ ਹਨ ਪਰ ਪੰਜਾਬ ਪੁਲਿਸ ਨੇ ਹਮੇਸ਼ਾ ਹੀ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਦਰਪੇਸ਼ ਵੱਡੀਆਂ ਚੁਣੌਤੀਆਂ 'ਤੇ ਕਾਬੂ ਪਾਉਣ ਲਈ ਇਹ ਜ਼ਰੂਰੀ ਹੈ ਕਿ ਪੁਲਿਸ ਫੋਰਸ ਨੂੰ ਜਾਂਚ, ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਆਧੁਨਿਕ ਲੋੜਾਂ ਅਨੁਸਾਰ ਪੁਖਤਾ ਕੀਤਾ ਜਾਵੇ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਪੰਜਾਬ ਪੁਲਿਸ ਪੂਰੀ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਦੀ ਸ਼ਾਨਦਾਰ ਵਿਰਾਸਤ ਨੂੰ ਕਾਇਮ ਰੱਖੇਗੀ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਸੜਕਾਂ 'ਤੇ ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਸੜਕ ਹਾਦਸੇ ਰੋਕਣ ਲਈ ਸਮਰਪਿਤ 'ਸੜਕ ਸੁਰੱਖਿਆ ਫੋਰਸ' ਗਠਿਤ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦੀ ਸੁਚੱਜੀ ਸਾਂਭ-ਸੰਭਾਲ ਕਰਕੇ ਇਨ੍ਹਾਂ ਕਾਰਨਾਂ ਦੀ ਜਾਂਚ ਕੀਤੀ ਜਾ ਸਕਦੀ ਹੈ, ਜਿਸ ਲਈ ਪੰਜਾਬ ਪੁਲਿਸ 'ਚ 'ਸੜਕ ਸੁਰੱਖਿਆ ਫੋਰਸ' ਦਾ ਗਠਨ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸ ਫੋਰਸ ਨੂੰ ਸੜਕ ਹਾਦਸੇ ਰੋਕਣ ਲਈ ਗਲਤ ਢੰਗ ਨਾਲ ਡਰਾਈਵਿੰਗ, ਸੜਕਾਂ 'ਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਹੋਰ ਕੰਮਾਂ ਦੀ ਜ਼ਿੰਮੇਵਾਰੀ ਸੌਂਪੀ ਜਾਵੇਗੀ ਅਤੇ ਇਸ ਨਾਲ ਥਾਣਿਆਂ ਵਿੱਚ ਤਾਇਨਾਤ ਪੁਲਿਸ ਮੁਲਾਜ਼ਮਾਂ 'ਤੇ ਬੋਝ ਵੀ ਘਟੇਗਾ।

ਇਸ ਮੌਕੇ ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਮੈਕਸੀਕੋ ਵਿਚ ਅਮਰੀਕਾ ਤੋਂ ਆ ਰਹੀ ਬੱਸ ਪਲਟੀ, 8 ਲੋਕਾਂ ਦੀ ਮੌਤ, ਕਈ ਹੋਰ ਜ਼ਖਮੀ

ਮੈਕਸੀਕੋ ਸਿਟੀ, 4 ਜੁਲਾਈ (ਪੋਸਟ ਬਿਊਰੋ): ਮੱਧ ਮੈਕਸੀਕੋ ਦੇ ਜ਼ਕ-ਾਟੇਕਸ-ਸਾਲਟੀਲੋ ਹਾਈਵੇਅ 'ਤੇ ਅਮਰੀਕਾ ਤੋਂ ਆ ਰਹੀ ਇੱਕ ਯਾਤਰੀ ਬੱਸ ਦੇ ਪਲਟ ਜਾਣ ਕਾਰਨ ਘੱਟੋ-ਘੱਟ 8 ਲੋਕਾਂ ਦੀ ਮੌਤ ਹੋ ਗਈ ਅਤੇ 30 ਹੋਰ ਜ਼ਖਮੀ ਹੋ ਗਏ। ਨੈਸ਼ਨਲ ਸਿਵਲ ਪ੍ਰੋਟੈਕਸ਼ਨ ਕੋਆਰਡੀਨੇਸ਼ਨ ਨੇ ਟਵਿੱਟਰ 'ਤੇ ਕਿਹਾ ਕਿ ਇਹ ਹਾਦਸਾ ਸਥਾਨਕ ਸਮੇਂ ਅਨੁਸਾਰ ਸਵੇਰੇ 6.30 ਵਜੇ (1230 ) ਦੇ ਜ਼ਕਾਟੇਕਸ ਦੇ ਕਨਸੇਪਸੀਓਨ ਡੀ ਓਰੋ ਸ਼ਹਿਰ ਦੇ ਰੋਕਾਮੋਂਟੇਸ ਜ਼ਿਲ੍ਹੇ ਵਿੱਚ ਵਾਪਰਿਆ।



ਜਾਣਕਾਰੀ ਅਨੁਸਾਰ ਮੁਤਾਬਕ ਬੱਸ ਅਮਰੀਕਾ 'ਚ ਰਹਿ ਰਹੇ ਮੈਕਸੀਕਨ ਨਾਗਰਿਕਾਂ ਨੂੰ ਗਰਮੀਆਂ ਦੀਆਂ ਛੁੱਟੀਆਂ ਉਨ੍ਹਾਂ ਦੇ ਜੱਦੀ ਸ਼ਹਿਰ ਜ਼ਕਾਟੇਕਾਸ ਅਤੇ ਆਗੁਆਸਕਾਲੀਏਂਟਸ 'ਚ ਬਿਤਾਉਣ ਲਈ ਲੈ ਜਾ ਰਹੀ ਸੀ। ਮੁਢਲੀਆਂ ਰਿਪੋਰਟਾਂ ਅਨੁਸਾਰ ਇਹ ਹਾਦਸਾ ਬਰਸਾਤ ਤੋਂ ਬਾਅਦ ਨਿਰਵਿਘਨ ਸੜਕ 'ਤੇ ਤੇਜ਼ ਰਫ਼ਤਾਰ ਨਾਲ ਚੱਲਣ ਅਤੇ ਬੱਸ ਡਰਾਈਵਰ ਵੱਲੋਂ ਵਾਹਨ 'ਤੇ ਕੰਟਰੋਲ ਗੁਆ ਦੇਣ ਕਾਰਨ ਵਾਪਰਿਆ। ਹਾਦਸੇ ਤੋਂ ਬਾਅਦ ਪੈਰਾਮੈਡੀਕਲ ਕਰਮਚਾਰੀਆਂ ਨੇ ਜ਼ਖਮੀਆਂ ਦਾ ਇਲਾਜ ਕੀਤਾ ਅਤੇ ਗੰਭੀਰ ਲੋਕਾਂ ਨੂੰ ਹਸਪਤਾਲ ਦਾਖਲ ਕਰਵਾਇਆ।

# ਮੋਹਾਲੀ ਤੋਂ ਅਮਨਜੋਤ ਕੌਰ ਦੀ ਭਾਰਤੀ ਮਹਿਲਾ ਸੀਨੀਅਰ ਕ੍ਰਿਕਟ ਟੀਮ ਵਿਚ ਚੋਣ

ਚੰਡੀਗੜ੍ਹ, 4 ਜੁਲਾਈ (ਪੋਸਟ ਬਿਊਰੋ): ਮੁਹਾਲੀ ਦੇ ਫੇਜ਼-5 ਵਿੱਚ ਰਹਿਣ ਵਾਲੀ ਅਮਨਜੋਤ ਕੌਰ ਨੂੰ ਭਾਰਤੀ ਮਹਿਲਾ ਸੀਨੀਅਰ ਕ੍ਰਿਕਟ ਟੀਮ ਵਿੱਚ ਚੁਣਿਆ ਗਿਆ ਹੈ। ਉਹ ਬੰਗਲਾਦੇਸ਼ ਖਿਲਾਫ ਹੋਣ ਵਾਲੀ ਵਨਡੇ ਅਤੇ ਟੀ-20 ਸੀਰੀਜ਼ 'ਚ ਭਾਰਤੀ ਮਹਿਲਾ ਟੀਮ ਦਾ ਹਿੱਸਾ ਹੋਵੇਗੀ। ਇਹ ਪਹਿਲੀ ਵਾਰ ਹੈ ਜਦੋਂ ਇਸ ਮਹਿਲਾ ਕ੍ਰਿਕਟਰ ਨੂੰ ਵਨਡੇ ਸੀਰੀਜ਼ ਅਤੇ ਟੀ-20 ਸੀਰੀਜ਼ ਲਈ ਚੁਣਿਆ ਗਿਆ ਹੈ। ਅਮਨਜੋਤ ਕੌਰ ਦੀ ਭਾਰਤੀ ਟੀਮ 'ਚ ਚੋਣ ਹੋਣ 'ਤੇ ਉਸਦੇ ਪਰਿਵਾਰ 'ਚ ਖੁਸ਼ੀ ਦਾ ਮਾਹੌਲ ਹੈ।



ਅਮਨਜੋਤ ਕੌਰ ਇੱਕ ਸਧਾਰਨ ਪਰਿਵਾਰ ਨਾਲ ਸਬੰਧ ਰੱਖਦੀ ਹੈ ਅਤੇ ਉਸ ਦੇ ਪਿਤਾ ਤਰਖਾਣ ਦਾ ਕੰਮ ਕਰਦੇ ਹਨ। ਮੁਹਾਲੀ ਨੇੜੇ ਬਲੌਂਗੀ ਵਿੱਚ ਉਸ ਦੀ ਲੱਕੜ ਦੀ ਦੁਕਾਨ ਹੈ। ਧੀ ਨੂੰ ਇਸ ਮੁਕਾਮ ਤੱਕ ਪਹੁੰਚਾਉਣ ਲਈ ਪਿਤਾ ਨੇ ਕਾਫੀ ਮਿਹਨਤ ਕੀਤੀ ਅਤੇ ਇਸੇ ਦੇ ਨਤੀਜੇ ਵਜੋਂ ਅੱਜ ਅਮਨਜੋਤ ਦੀ ਭਾਰਤੀ ਮਹਿਲਾ ਕ੍ਰਿਕਟ ਟੀਮ ਵਿੱਚ ਚੋਣ ਹੋਈ ਹੈ। ਅਮਨਜੋਤ ਕੌਰ ਨੇ ਚੰਡੀਗੜ੍ਹ ਵਿੱਚ ਹੀ ਕ੍ਰਿਕਟ ਦੀਆਂ ਬਾਰੀਕੀਆਂ ਸਿੱਖੀਆਂ ਅਤੇ ਸਖ਼ਤ ਮਿਹਨਤ ਕੀਤੀ।

ਬੰਗਲਾਦੇਸ਼ ਖਿਲਾਫ ਤਿੰਨ ਟੀ-20 ਸੀਰੀਜ਼ ਦਾ ਪਹਿਲਾ ਮੈਚ 9 ਜੁਲਾਈ ਨੂੰ ਖੇਡਿਆ ਜਾਵੇਗਾ। ਇਸ ਤੋਂ ਬਾਅਦ ਦੂਜਾ ਮੈਚ 11 ਜੁਲਾਈ ਅਤੇ ਤੀਜਾ ਮੈਚ 13 ਜੁਲਾਈ ਨੂੰ ਹੋਣਾ ਹੈ। ਇਸ ਦੇ ਨਾਲ ਹੀ ਵਨਡੇ ਸੀਰੀਜ਼ ਦਾ ਪਹਿਲਾ ਮੈਚ 16 ਜੁਲਾਈ, ਦੂਜਾ 19 ਜੁਲਾਈ, ਤੀਜਾ 22 ਜੁਲਾਈ ਨੂੰ ਹੋਣਾ ਹੈ। ਅਮਨਜੋਤ ਕੌਰ ਦੇ ਕੋਚ ਨਾਗੇਸ਼ ਗੁਪਤਾ ਨੇ ਕਿਹਾ ਕਿ ਉਨ੍ਹਾਂ ਦੀ ਟਰੇਨੀ ਬੰਗਲਾਦੇਸ਼ ਖਿਲਾਫ ਬਿਹਤਰ ਪ੍ਰਦਰਸ਼ਨ ਕਰੇਗਾ।

ਅਮਨਜੋਤ ਨੇ ਕਿਹਾ ਕਿ ਉਸ ਦੀ ਮਿਹਨਤ ਰੰਗ ਲਿਆਈ ਹੈ। ਹੁਣ ਉਮੀਦਾਂ 'ਤੇ ਖਰਾ ਉਤਰਨ ਦਾ ਸਮਾਂ ਆ ਗਿਆ ਹੈ। ਉਸ ਨੇ ਕਿਹਾ ਕਿ ਮੇਰੀ ਇਸ ਕਾਮਯਾਬੀ ਪਿੱਛੇ ਮੇਰੇ ਪਿਤਾ ਦੀ ਮਿਹਨਤ ਹੈ। ਮੇਰੇ ਪਿਤਾ ਮੇਰੇ ਲਈ ਕਿਸੇ ਸੁਪਰਹੀਰੋ ਤੋਂ ਘੱਟ ਨਹੀਂ ਹਨ। ਅੱਜ ਮੈਂ ਆਪਣੇ ਪਿਤਾ ਅਤੇ ਕੋਚ ਨਾਗੇਸ਼ ਸਰ ਦੀ ਬਦੌਲਤ ਹੀ ਇਸ ਮੁਕਾਮ 'ਤੇ ਪਹੁੰਚੀ ਹਾਂ।

ੴ ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮ ਸਵਾਰਿ ਦਰਗਹਿ ਚਲਿਆ ॥
ਸੱਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ੴ



DECEMBER 1941 - JULY 2021

ਸ. ਤਰਲੋਚਨ ਸਿੰਘ ਗਿੱਲ (ਗਾਲਿਬ ਕਲਾਂ)
ਵੱਲੋਂ
ਆਪ ਜੀ ਨੂੰ ਬੇਨਤੀ ਹੈ ਕਿ ਉਹਨਾਂ ਦੀ ਧਰਮਪਤਨੀ
ਸਰਦਾਰਨੀ ਕੁਲਦੀਪ ਕੌਰ ਗਿੱਲ
ਜੋ ਕਿ ਦੋ ਸਾਲ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ
ਆਤਮਿਕ ਸ਼ਾਂਤੀ ਦੇ ਸਬੰਧ ਵਿੱਚ

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ**

ਦਿੱਤੇ ਪ੍ਰੋਗਰਾਮ ਅਨੁਸਾਰ ਪਵੇਗਾ । ਸੋ ਆਪ ਜੀ ਨੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ । ਅਤੀ ਧੰਨਵਾਦੀ ਹੋਵਾਗੇ ਜੀ ।

**ਪ੍ਰੋਗਰਾਮ**

7 ਜੁਲਾਈ 2023, ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ.......1.30 ਵਜੇ ਦੁਪਿਹਰ

9 ਜੁਲਾਈ 2023, ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ..........1.00 ਵਜੇ ਦੁਪਿਹਰ
ਕੀਰਤਨ ................................ 2.00 ਵਜੇ ਦੁਪਿਹਰ
ਗੁਰੂ ਕਾ ਲੰਗਰ..........................3.00 ਵਜੇ ਦੁਪਿਹਰ

ਸਥਾਨ: ਸ੍ਰੀ ਗੁਰੂ ਸਿੰਘ ਸਭਾ ਮਾਲਟਨ
Sri Guru Singh Sabha Malton
7280 Airport Rd, Mississauga, ON L4T 2H3

ਸਮੂਹ ਗਿੱਲ ਪਰਿਵਾਰ
+1 416-802-7377, +1 416-735-7737
+1 416-880-9785
E-mail: tgill@imchd.com

Design by: ਡੋਗਰਾ ਪ੍ਰਿੰਟਰਜ਼, ਲਿੰਕ ਰੋਡ, ਜਗਰਾਉਂ #98784-03812

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd, Brampton, ON L6Z 0B3



**Samrai Picnic**
AUGUST 6, 2023

**ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ**

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੂਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

# ਮਹਾਰਾਸ਼ਟਰ ਵਿਚ ਕਾਰ ਨੂੰ ਟੱਕਰ ਮਾਰਨ ਤੋਂ ਬਾਅਦ ਹੋਟਲ ਵਿਚ ਵੜਿਆ ਟਰੱਕ, 10 ਲੋਕਾਂ ਦੀ ਮੌਤ

ਮੁੰਬਈ, 4 ਜੁਲਾਈ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਧੂਲੇ ਵਿਚ ਮੰਗਲਵਾਰ ਸਵੇਰੇ ਇਕ ਦਰਦਨਾਕ ਹਾਦਸਾ ਵਾਪਰ ਗਿਆ। ਬ੍ਰੇਕ ਫੇਲ ਹੋਣ ਕਾਰਨ ਮੁੰਬਈ-ਆਗਰਾ ਹਾਈਵੇਅ ‘ਤੇ ਇਕ ਟਰੱਕ ਇਕ ਹੋਟਲ ਵਿੱਚ ਜਾ ਵੜਿਆ। ਹਾਦਸੇ ਵਿੱਚ ਟਰੱਕ ਨੇ ਕਈ ਜਣਿਆਂ ਨੂੰ ਦਰੜ ਦਿੱਤਾ।

ਇਨ੍ਹਾਂ ਵਿਚੋਂ 10 ਦੀ ਮੌਕੇ ‘ਤੇ ਹੀ ਮੌਤ ਹੋ ਗਈ, ਜਦਕਿ 28 ਜਣੇ ਜ਼ਖਮੀ ਹੋ ਗਏ। ਇਹ ਹਾਦਸਾ ਦੁਪਹਿਰ 12 ਵਜੇ ਦੇ ਕਰੀਬ ਸ਼ਿਰਪੁਰ ਤਾਲੁਕਾ ਦੇ ਪਿੰਡ ਪਲਾਸਨੇਰ ‘ਚ ਵਾਪਰਿਆ। ਮਰਨ ਵਾਲਿਆਂ ਦੀ ਗਿਣਤੀ ਹੋਰ ਵਧ ਸਕਦੀ ਹੈ। ਦੱਸਿਆ ਜਾ ਰਿਹਾ ਹੈ ਕਿ ਘਟਨਾ ਸਮੇਂ ਹੋਟਲ ‘ਚ ਭੀੜ ਸੀ। ਇਸ ਕਾਰਨ ਕਾਫੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਹੈ।



ਇਸ ਘਟਨਾ ਦੀ ਇੱਕ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ, ਜਿਸ ਵਿੱਚ ਦੇਖਿਆ ਜਾ ਸਕਦਾ ਹੈ ਕਿ ਤੇਜ਼ ਰਫ਼ਤਾਰ ਟਰੱਕ ਇੱਕ ਕਾਰ ਨੂੰ ਅੱਗੇ ਜਾ ਕੇ ਟੱਕਰ ਮਾਰਦਾ ਹੈ ਅਤੇ ਸੜਕ ਕਿਨਾਰੇ ਇੱਕ ਹੋਟਲ ਵਿੱਚ ਜਾ ਵੜਦਾ ਹੈ। ਲੋਕਾਂ ਨੇ ਘਟਨਾ ਦੀ ਸੂਚਨਾ ਪੁਲਿਸ ਨੂੰ ਦਿੱਤੀ, ਜਿਸ ਤੋਂ ਬਾਅਦ ਜ਼ਖਮੀਆਂ ਨੂੰ ਹਸਪਤਾਲ ਭੇਜਿਆ ਗਿਆ ਅਤੇ ਕਰੇਨ ਦੀ ਮਦਦ ਨਾਲ ਕੰਟੇਨਰ ਨੂੰ ਹਟਾਇਆ ਗਿਆ। ਹਾਦਸੇ ਵਿਚ ਹੋਟਲ ਪੂਰੀ ਤਰ੍ਹਾਂ ਤਬਾਹ ਹੋ ਗਿਆ।

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
KAUR LAW OFFICE
Red Seal NOTARY

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

MANJEET KAUR
LL.B., (London UK)
Barrister, Solicitor & Notary Public

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Dr. Randhawa Dentistry
Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਉਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹਤੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

Mayfield Rd · Mcvean Dr · Gore Rd · Squire Ellis Dr · Countryside Dr

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6



ਥੋਰਨਡੇਲ ਸੀਨੀਅਰ ਕਲੱਬ ਵਲੋਂ ਕਨੇਡਾ ਡੇਅ 9 ਜੁਲਾਈ ਦਿਨ ਐਤਵਾਰ 105 ਥੋਰਨਡੇਲ ਪਾਰਕ ਵਿਚ 2 ਤੋ 6 ਬਜੇ ਮਨਾਇਆ ਜਾਵੇਗਾ। ਇਹ ਬ੍ਰੈਂਪਟਨ ਵਿਚ ਗੌਰ ਮੰਦਰ ਦੇ ਪਿਛੇ ਥੋਰਨਡੇਲ ਸਟਰੀਟ ਹੈ ਮੇਲੇ ਵਿਚ ਗੀਤ ਸੰਗੀਤ ਬੱਚਿਆਂ ਅਤੇ ਵੱਡਿਆਂ ਦੀਆਂ ਦੌੜਾਂ ਹੋਣਗੀਆਂ। ਖਾਣ ਪੀਣ ਦਾ ਪੂਰਾ ਪ੍ਰਬੰਧ ਹੋਵੇਗਾ। ਵੱਡੀ ਉਮਰ ਦੇ ਬਜੁਰਗਾਂ ਨੂੰ ਸਨਮਾਨਤ ਕੀਤਾ ਜਾਵੇਗਾ। ਵਧੇਰੇ ਜਾਣਕਾਰੀ ਲਈ ਹਰਦੀਪ ਸਿੰਘ ਸ਼ੋਕਰ 647-996-3645 ਸਿਕੰਦਰ ਸਿੰਘ ਢਿੱਲੋਂ 647-871-5195 ਅਤੇ ਮੱਖਣ ਸਿੰਘ ਕੈਲੇ 647-514-1572 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਰੈੱਡ ਵਿੱਲੋ ਕਲੱਬ ਵਲੋਂ ਵੁੱਡਵਾਈਨ ਬੀਚ ਦਾ ਟੂਰ

(ਹਰਜੀਤ ਬੇਦੀ): ਬਰੈਂਪਟਨ ਦੀ ਸਰਗਰਮ ਰੈੱਡ ਵਿੱਲੋ ਸੀਨੀਅਰਜ਼ ਕਲੱਬ ਤਕਰੀਬਨ ਸਾਰਾ ਸਾਲ ਹੀ ਆਪਣੀਆਂ ਸਰਗਰਮੀਆਂ ਜਾਰੀ ਰਖਦੀ ਹੈ। ਸੀਨੀਅਰਜ ਦੇ ਮਨੋਰੰਜਨ ਲਈ ਫੰਕਸ਼ਨ,ਟੂਰ ਪਰੋਗਰਾਮਾਂ ਤੋਂ ਬਿਨਾਂ ਸਮਾਜਿਕ ਕੰਮਾਂ ਜਿਵੇਂ ਨੇਬਰਹੁੱਡ ਕਲੀਨਿੰਗ ਆਦਿ ਸਰਗਰਮੀਆਂ ਕਰਦੀ ਹੀ ਰਹਿੰਦੀ ਹੈ।ਇਸੇ ਲੜੀ ਤਹਿਤ ਪਿਛਲੇ ਦਿਨੀ ਕਲੱਬ ਦੇ 90 ਦੇ ਲੱਗਪੱਗ ਮਰਦ ਅਤੇ ਔਰਤ ਮੈਂਬਰਾਂ ਨੇ ਵੁੱਡਵਾਈਨ ਬੀਚ ਦਾ ਸਫਲ ਟੂਰ ਲਾਇਆ।





ਕਲੱਬ ਦੇ ਜਨਰਲ ਸਕੱਤਰ ਅਮਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੀਨੀਅਰਜ਼ ਵਿਚ ਟੂਰ ਤੇ ਜਾਣ ਲਈ ਬਹੁਤ ਹੀ ਉਤਸ਼ਾਹ ਸੀ। ਟੂਰ ਤੇ ਰਵਾਨਗੀ ਤੋਂ ਅੱਧਾ ਘੰਟਾ ਪਹਿਲਾਂ ਹੀ ਸਾਰੇ ਪਾਰਕ ਵਿਚ ਪਹੁੰਚ ਗਏ। ਕਲੱਬ ਦੇ ਪਰਧਾਨ ਗੁਰਨਾਮ ਸਿੰਘ ਗਿੱਲ ਨੇ ਉਹਨਾਂ ਨੂੰ ਡਸਿਪਲਨ ਵਿਚ ਰਹਿ ਕੇ ਟੂਰ ਦਾ ਆਨੰਦ ਮਾਣਨ ਲਈ ਕਿਹਾ। ਰੀਜਨਲ ਕਾਊਂਸਲਰ ਪੈਟ ਫੋਰਟੀਨੀ ਨੇ ਟੂਰ ਨੂੰ ਰਵਾਨਾ ਕੀਤਾ। ਬੱਸਾਂ ਦੇ ਚੱਲਣ ਸਮੇਂ ਉਤਸ਼ਾਹ ਵਿਚ ਆ ਕੇ ਜੈਕਾਰੇ ਛੱਡੇ ਗਏ। ਰਾਸਤੇ ਵਿਚ ਆਪਸ ਵਿਚ ਗੱਲਾਂ ਮਾਰਦੇ ਅਤੇ ਆਸ ਪਾਸ ਦੇ ਨਜ਼ਾਰਿਆਂ ਨੂੰ ਨਿਹਾਰਦੇ ਹੋਏ ਸਵਾ ਕੁ ਘੰਟੇ ਵਿੱਚ ਬੀਚ ਤੇ ਪਹੁੰਚ ਗਏ।

ਬੀਚ ਤੇ ਪਹੁੰਚ ਕੇ ਥੋੜਾ ਬਹੁਤ ਖਾ ਪੀ ਕੇ ਵੱਖ ਵੱਖ ਗਰੁਪਾਂ ਵਿੱਚ ਬੀਚ ਤੇ ਖੂਬ ਟਹਿਲ ਕਦਮੀ ਕੀਤੀ। ਉਸ ਥਾਂ ਤੇ ਬਹੁਤ ਸਾਰੇ ਵਾਲੀਬਾਲ ਦੇ ਨੈਟ ਲੱਗੇ ਹੋਏ ਸਨ। ਕਾਫੀ ਗਿਣਤੀ ਵਿੱਚ ਲੋਕ ਵਾਲੀਬਾਲ ਖੇਡਣ ਦਾ ਆਨੰਦ ਮਾਣ ਰਹੇ ਸਨ। ਕਈ ਟੀਮਾਂ ਵਿੱਚ ਮਰਦ ਅਤੇ ਔਰਤਾਂ ਦੋਨੋ ਹੀ ਇਕੱਠੇ ਖੇਡ ਰਹੇ ਸਨ। ਸੀਨੀਅਰਜ਼ ਵਿੱਚੋਂ ਵੀ ਕੁੱਝ ਲੋਕਾਂ ਨੇ ਵਾਲੀਬਾਲ ਖੇਡ ਕੇ ਆਨੰਦ ਲਿਆ। ਸੀਨੀਅਰ ਔਰਤਾਂ ਨੇ ਸਾਉਣ ਮਹੀਨਾ ਆਉਣ ਤੋਂ ਪਹਿਲਾਂ ਹੀ ਤੀਆਂ ਦਾ ਮਾਹੌਲ ਪੈਦਾ ਕਰ ਦਿੱਤਾ। ਬਚਪਨ ਅਤੇ ਜਵਾਨੀ ਨੂੰ ਚੇਤੇ ਕਰ ਕੇ ਖੂਬ ਬੋਲੀਆਂ ਪਾ ਕੇ ਗਿੱਧੇ ਦਾ ਚੰਗਾ ਰੰਗ ਬੰਨ੍ਹਿਆ। ਦੂਜੀਆਂ ਕਮਿਊਨਿਟੀਆਂ ਦੇ ਲੋਕਾਂ ਨ ਵੀ ਗਿੱਧੇ ਦਾ ਆਨੰਦ ਮਾਣਿਆ।

ਸਾਰੇ ਕਲੱਬ ਮੈਂਬਰਾਂ ਨੇ ਆਪਣੀ ਰੁਚੀ ਅਤੇ ਸਰੀਰਕ ਸਮਰੱਥਾ ਅਨੁਸਾਰ ਬੀਚ ਤੇ ਘੁੰਮ ਫਿਰ ਕੇ ਅਤੇ ਆਸ ਪਾਸ ਦੇ ਕੁਦਰਤੀ ਨਜ਼ਾਰਿਆਂ ਦਾ ਸੁਹੱਪਣ ਦੇਖਿਆ। ਇਸ ਦੇ ਨਾਲ ਹੀ ਐਸਬਰਿਜ ਪਾਰਕ ਵੀ ਦੇਖਣਯੋਗ ਸਥਾਨ ਹੋ ਨਿਬੜਿਆ। ਹਰਿਆਵਲ ਭਰੇ ਮਾਹੌਲ ਨੇ ਸਭ ਦਾ ਮਨ ਮੋਹ ਲਿਆ। ਪਰ ਵਾਪਸੀ ਦਾ ਸਮਾਂ ਹੋਣ ਤੇ ਬੱਸਾਂ ਵਿੱਚ ਬੈਠਣਾ ਪਿਆ। ਦਿਨ ਭਰ ਬੀਚ ਅਤੇ ਪਾਰਕ ਦੇ ਸੁੰਦਰ ਨਜ਼ਾਰਿਆਂ ਨੂੰ ਦਿਲਾਂ ਵਿੱਚ ਸਮੋਅ ਕੇ ਵਾਪਸੀ ਲਈ ਰਵਾਨਗੀ ਪਾ ਲਈ। ਇੱਕ ਦੂਜੇ ਨਾਲ ਟੂਰ ਸਬੰਧੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਆਪਣੇ ਘਰਾਂ ਵੱਲ ਦਾ ਸਫਰ ਕੀਤਾ। ਵਾਪਸੀ ਤੇ ਰਾਹ ਵਿੱਚ ਕਲੱਬ ਵਲੋਂ ਸਾਰੇ ਮੈਂਬਰਾਂ ਨੂੰ ਕੌਫ਼ੀ ਪਿਆਈ ਗਈ। ਇਸ ਟੂਰ ਨੂੰ ਸਫਲ ਬਣਾਉਣ ਲਈ ਸਾਰਿਆਂ ਦਾ ਲਾਮਿਸਾਲ ਮਿਲਵਰਤਨ ਅਤੇ ਸਹਿਯੋਗ ਸੀ।।ਖਜ਼ਾਨਚੀ ਮਾ: ਕੁਲਵੰਤ ਸਿੰਘ, ਬਲਵੰਤ ਸਿੰਘ ਕਲੇਰ, ਮਹਿੰਦਰ ਕੌਰ ਪੱਡਾ, ਨਿਰਮਲਾ ਪਰਾਸ਼ਰ, ਬਲਜੀਤ ਕੌਰ ਸੇਖੋਂ ਅਤੇ ਬਲਜੀਤ ਗਰੇਵਾਲ ਨੇ ਟੂਰ ਦੀ ਸਫਲਤਾ ਲਈ ਵਿਸ਼ੇਸ਼ ਯੋਗਦਾਨ ਪਾਇਆ। ਵਾਪਸੀ ਤੇ ਮੈਬਰਾਂਨੇ ਇੱਛਾ ਪਰਗਟ ਕੀਤੀ ਕਿ ਅਜਿਹੇ ਹੋਰ ਟੂਰ ਲਾਏ ਜਾਣ। ਇਸ ਤੇ ਪਰਬੰਧਕਾਂ ਨੇ ਸਹਿਮਤੀ ਜਾਹਰ ਕਰਦੇ ਹੋਏ ਜਲਦੀ ਹੀ ਇੱਕ ਹੋਰ ਟੂਰ ਦਾ ਪਰਬੰਧ ਕਰਨ ਦਾ ਭਰੋਸਾ ਦੇਣ ਤੇ ਸਾਰੇ ਮੈਂਬਰਾਂ ਨੇ ਖੁਸ਼ੀ ਦਾ ਪਰਗਟਾਵਾ ਕੀਤਾ। ਕਲੱਬ ਸਬੰਧੀ ਵਧੇਰੇ ਜਾਣਕਾਰੀ ਲਈ ਅਮਰਜੀਤ ਸਿੰਘ ਨਾਲ 647 268 6821 ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਕੈਲੀਫੋਰਨੀਆ ਵਾਸੀ ਔਰਤ ਨੂੰ ਝੂਠ ਬੋਲਣ ਦੇ ਮਾਮਲੇ ਵਿਚ 90 ਦਿਨਾਂ ਦੀ ਕੈਦ



ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ) ਕੈਲੀਫੋਰਨੀਆ ਵਾਸੀ ਇਕ ਔਰਤ ਜਿਸ ਨੇ ਇਕ ਜੋੜੇ ਉਪਰ ਦੋਸ਼ ਲਾਇਆ ਸੀ ਕਿ ਉਨਾਂ ਨੇ ਉਸ ਦੇ ਬੱਚੇ ਅਗਵਾ ਕਰਨ ਦੀ ਕੋਸ਼ਿਸ਼ ਕੀਤੀ ਹੈ, ਨੂੰ ਇਕ ਅਦਾਲਤ ਨੇ ਝੂਠ ਬੋਲਣ ਲਈ 90 ਦਿਨਾਂ ਦੀ ਕੈਦ ਦੀ ਸਜ਼ਾ ਸੁਣਾਈ ਹੈ। ਇਹ ਜਾਣਕਾਰੀ ਸੋਨੋਮਾ ਕਾਊਂਟੀ ਡਿਸਟ੍ਰਿਕਟ ਅਟਾਰਨੀ ਦੇ ਦਫਤਰ ਨੇ ਦਿੱਤੀ ਹੈ। ਅਦਾਲਤ ਨੇ ਕੈਥਲੀਨ ਸੋਰੇਨਸਨ ਨਾਮੀ 31 ਸਾਲਾ ਔਰਤ ਨੂੰ ਅਪਰਾਧ ਦੀ ਝੂਠੀ ਰਿਪੋਰਟ ਦਰਜ ਕਰਵਾਉਣ ਲਈ ਦੋਸ਼ੀ ਕਰਾਰ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਦਸੰਬਰ 2020 ਵਿਚ ਸੋਰੇਨਸਨ ਆਪਣੇ 2 ਬੱਚਿਆਂ ਨਾਲ ਪੇਟਾਲੂਮਾ,ਕੈਲੀਫੋਰਨੀਆ ਵਿਚ ਇਕ ਮਾਈਕਲ ਕਰਾਫਟ ਸਟੋਰ ਵਿੱਚ ਖਰੀਦਦਾਰੀ ਕਰਨ ਲਈ ਗਈ ਸੀ। ਸੋਨੋਮਾ ਕਾਊਂਟੀ ਪ੍ਰਾਸੀਕਿਊਟਰਜ ਵੱਲੋਂ ਜਾਰੀ ਬਿਆਨ ਅਨੁਸਾਰ ਖਰੀਦਦਾਰੀ ਕਰਨ ਉਪਰੰਤ ਸੋਰੇਨ-ਸਨ ਆਪਣੇ ਦੋ ਬੱਚਿਆਂ ਨਾਲ ਉਥੋਂ ਚਲੀ ਗਈ ਸੀ ਪਰੰਤੂ ਕੁਝ ਮਿੰਟਾਂ ਬਾਅਦ ਉਸ ਨੇ ਪੇਟਾਲੂਮਾ ਪੁਲਿਸ ਵਿਭਾਗ ਨੂੰ ਫੋਨ ਕਰਕੇ ਦੱਸਿਆ ਕਿ ਇਕ ਜੋੜੇ ਨੇ ਉਸ ਦੇ ਬੱਚਿਆਂ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਸੋਰੇਨਸਨ ਨੇ ਸਟੋਰ ਦੀ ਇਕ ਵੀਡੀਓ ਵਿਚ ਉਸ ਜੋੜੇ ਦੀ ਪਛਾਣ ਵੀ ਕੀਤੀ ਜਿਸ ਨੇ ਬੱਚਿਆਂ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਪੁਲਿਸ ਅਨੁਸਾਰ ਡੂੰਘਾਈ ਨਾਲ ਜਾਂਚ ਪੜਤਾਲ ਉਪਰੰਤ ਸੋਰੇਨਸਨ ਦੀ ਕਹਾਣੀ ਝੂਠੀ ਨਿਕਲੀ।

## ਭਾਰਤੀ ਮੂਲ ਦੇ ਕੇਨ ਮੈਥੀਊ ਨੇ ਅਮਰੀਕਾ ਦੇ ਸਟਾਫੋਰਡ ਸ਼ਹਿਰ ਦੇ ਮੇਅਰ ਵਜੋਂ ਸਹੁੰ ਚੁੱਕੀ



ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਕੇਰਲਾ ਵਿੱਚ ਪੈਦਾ ਹੋਏ ਭਾਰਤੀ - ਅਮਰੀਕੀ ਕੇਨ ਮੈਥੀਊ ਨੇ ਸਟਾਫੋਰਡ (ਟੈਕਸਾਸ) ਦੇ ਮੇਅਰ ਵਜੋਂ ਸਹੁੰ ਚੁੱਕੀ। ਸਾਬਕਾ ਸਟਾਫੋਰਡ ਸਿਟੀ ਕੌਂਸਲ ਮੈਂਬਰ ਮੈਥੀਊ ਨੂੰ ਅਹੁੱਦੇ ਦੀ ਸਹੁੰ ਉਨਾਂ ਦੇ ਹੀ ਹਮ ਰੁੱਤਬਾ ਇਕ ਹੋਰ ਭਾਰਤੀ- ਅਮਰੀਕੀ ਮਿਸੌਰੀ ਸਿਟੀ ਮੇਅਰ ਰਾਬਿਨ ਈਲੈਕਟ ਨੇ ਚੁੱਕਾਈ। ਹੋਏ ਵਿਸ਼ੇਸ਼ ਸਹੁੰ ਚੁੱਕ ਸਮਾਗਮ ਵਿਚ ਮੈਥੀਊ ਦੇ ਪਰਿਵਾਰਕ ਮੈਂਬਰ ਤੇ ਚੋਟੀ ਦੇ ਅਧਿਕਾਰੀ ਸ਼ਾਮਿਲ ਹੋਏ। ਮੈਥੀਊ ਨੇ ਮੌਜੂਦਾ ਮੇਅਰ ਸੀਸਿਲ ਵਿਲਜ ਨੂੰ 16 ਵੋਟਾਂ ਨਾਲ ਹਰਾ ਕੇ ਇਤਿਹਾਸ ਸਿਰ-ਜਆ ਹੈ। ਉਨਾਂ ਨੇ ਇਕ ਬਿਆਨ ਵਿਚ ਕਿਹਾ ਹੈ ਕਿ ਪ੍ਰਮਾਤਮਾ ਦੀ ਕਿਰਪਾ ਨਾਲ ਉਹ ਇਸ ਮੁਕਾਮ ’ਤੇ ਪੁੱਜੇ ਹਨ। ਮੈਥਿਊ ਪਹਿਲੀ ਵਾਰ ਸਟਾਫੋਰਡ ਕੌਂਸਲ ਲਈ ਚੁਣੇ ਗਏ ਸਨ। ਓਦੋਂ ਤੋਂ ਹੀ ਉਹ ਕੌਂਸਲ ਵਿਚ ਆਪਣੀ ਸੇਵਾਵਾਂ ਨਿਭਾਅ ਰਹੇ ਹਨ। ਇਸ ਤੋਂ ਪਹਿਲਾਂ ਉਨਾਂ ਨੇ ਸ਼ਹਿਰ ਦੇ ਪਲੈਨਿੰਗ ਐਂਡ ਜ਼ੋਨਿੰਗ ਕਮਿਸ਼ਨ ਵਿਚ ਵੀ ਕਈ ਸਾਲ ਸੇਵਾਵਾਂ ਨਿਭਾਈਆਂ ਹਨ। ਮੈਥਿਊ ਯੂਨੀਵਰਿਸਟੀ ਆਫ ਬੰਬੇ ਤੋਂ ਡਿਗਰੀ ਕਰਨ ਉਪਰੰਤ 1970 ਵਿਆਂ ਵਿਚ ਅਮਰੀਕਾ ਚਲੇ ਗਏ ਸਨ। ਐਮ ਬੀ ਏ ਪਾਸੇ ਮੈਥੀਊ 1982 ਤੋਂ ਸਟਾਫੋਰਡ ਵਿਚ ਰਹਿ ਰਹੇ ਹਨ। ਭਾਰਤੀ ਅਮਰੀਕੀ ਫੋਰਟ ਬੈਂਡ ਕਾਊਂਟੀ ਜੱਜ ਕੇ ਪੀ ਜਾਰਜ ਸਮੇਤ ਅਨੇਕਾਂ ਹੋਰਨਾਂ ਨੇ ਮੈਥੀਊ ਨੂੰ ਮੇਅਰ ਬਣਨ ’ਤੇ ਵਧਾਈਆਂ ਦਿੱਤੀਆਂ ਹਨ।

# ਬਰੈਂਪਟਨ ਵੂਮੈਨ ਕਲੱਬ ਵੱਲੋਂ ਸੈਨੀਟੇਰੀਅਨ ਬੀਚ ਦਾ ਟੂਰ ਲਾਇਆ ਗਿਆ



ਬਰੈਂਪਟਨ: 11 ਜੂਨ, ਦਿਨ ਐਤਵਾਰ ਸਵੇਰੇ 9;30 ਵਜੇ ਕਲੱਬ ਪ੍ਰਧਾਨ ਸ੍ਰੀਮਤੀ ਕੁਲਦੀਪ ਗਰੇਵਾਲ ਦੀ ਅਗਵਾਈ ਵਿਚ ਲਗਭਗ ਸੌ ਕੁ ਸੀਨੀਅਰ ਬੀਬੀਆਂ ਦੋ ਬੱਸਾਂ ਵਿਚ ਸਵਾਰ ਹੋ ਕੇ ਟੂਰ ਲਈ ਰਵਾਨਾ ਹੋਈਆਂ। ਮੌਸਮ ਥੋੜਾ ਖਰਾਬ ਹੋਣ ਦੇ ਬਾਵਜੂਦ ਜਾਂਦੇ ਸਮੇਂ ਖਾਣਪੀਣ ਦਾ ਸਮਾਨ ਬਸ ਅੰਦਰ ਹੀ ਵਰਤਾਇਆ ਗਿਆ। ਹਮੇਸ਼ਾ ਦੀ ਤਰਾਹ ਸਫਰ ਦੌਰਾਨ ਗੀਤਾਂ, ਗਿੱਧਾ ਅਤੇ ਬੋਲੀਆਂ ਆਦਿ ਨਾਲ ਮਨੋਰੰਜਨ ਕਰਦੇ ਹੋਏ ਟੂਰ ਵਾਲੀ ਮੰਜਲ ’ਤੇ ਅਪੜ ਗਏ। ਉਸ ਸੁੰਦਰ ਸਥਾਨ ’ਤੇ ਬਣੇ ਹੋਏ ਸ਼ੈਡਾਂ ਵਿਚ ਬੈਠ ਨਾਲ ਲਿਆਂਦੇ ਲੰਚ ਦਾ ਰਲਮਿਲ ਅਨੰਦ ਮਾਣਿਆ ਗਿਆ। ਇਸ ਉਪਰੰਤ ਬੀਚ ਦੀ ਸੈਰ ਕਰ ਕੁਦਰਤੀ ਨਜਾਰਿਆਂ ਦਾ ਰੱਜ ਕੇ ਲੁਤਫ ਲਿਆ ਗਿਆ। ਬਾਅਦ ਵਿਚ ਸ਼ੈਡਾਂ ਵਿਚ ਆ ਗਿੱਧਾ ਗੀਤਾਂ ਅਤੇ ਬੋਲੀਆਂ ਦਾ ਦੂਜਾ ਦੌਰ ਚੱਲਿਆ। 2 ਕੁ ਵਜੇ ਏਅਰ ਸ਼ੋਂ ਅਰੰਭ ਹੋਇਆ ਜਿਸ ਵਿਚ ਹਵਾਈ ਜਹਾਜਾਂ ਨੇ ਹੈਰਤਅੰਗੇਜ ਕਰਤਬ ਵਿਖਾਏ। ਫੋਟੋਗ੍ਰਾਫੀ ਕੀਤੀ ਗਈ ਅਤੇ ਇਸ ਤੋਂ ਬਆਦ ਬੱਸਾਂ ਵਿਚ ਸਵਾਰ ਹੋ ਵਾਪਸੀ ਦੇ ਚਾਲੇ ਪਾਏ। ਰਸਤੇ ਵਿਚ ਆਉਟਲੈਟ ਸਟੋਰ ਵਿਖੇ ਰੁਕ ਕੇ ਸਭਨੇ ਲੋੜੀਂਦੀ ਸ਼ਾਪਿੰਗ ਵੀ ਕੀਤੀ। ਵਾਪਸੀ ਦੌਰਾਨ ਕਲੱਬ ਪ੍ਰਧਾਨ ਨੇ ਅਗਲੇ ਟੂਰ ਦਾ ਐਲਾਨ ਕੀਤਾ ਜਿਸ ਲਈ ਸਹਿਮਿਤੀ ਦਿੰਦਿਆਂ ਚਾਹਵਾਨਾਂ ਨੇ ਆਪਣੇ ਨਾਂਅ ਲਿਖਾਏ। 5:30 ਵਜੇ ਵਾਪਸ ਪਹੁੰਚ ਕਲੱਬ ਪ੍ਰਧਾਨ ਨੇ ਇਸ ਯਾਦਗਾਰੀ ਟੂਰ ਲਈ ਸਭ ਦੇ ਸਹਿਯੋਗ ਦਾ ਧੰਨਵਾਦ ਕਰਦਿਆਂ ਸਮਾਪਤੀ ਕੀਤੀ।

URGENTLY NEED NEW LISTINGS IN BRAMPTON/CALEDON
visit: www.teamjagaujla.com
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
ADVERTISEMENT GUARANTEED TILL SOLD
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
WWW.AAABODYSHOP.ca
mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017